# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10**

**ਮਿਤੀ :26-04-2026**

ਇਨਫੋਰਸਮੈਂਟ ਡਾਇਰੈਕਟੋਰੇਟ (ED) ਨੇ ਪੰਜਾਬ ਦੇ ਸਾਬਕਾ DIG ਹਰਚਰਨ ਸਿੰਘ ਭੁੱਲਰ ਵਿਰੁੱਧ ਇੱਕ ਮਾਮਲੇ ਦੇ ਸਬੰਧ ਵਿੱਚ ਅੱਜ ਚੰਡੀਗੜ੍ਹ, ਲੁਧਿਆਣਾ, ਪਟਿਆਲਾ, ਨਾਭਾ ਅਤੇ ਜਲੰਧਰ ਸਮੇਤ ਸੂਬੇ ਭਰ ਵਿੱਚ ਗਿਆਰਾਂ ਥਾਵਾਂ 'ਤੇ ਤਲਾਸ਼ੀ ਮੁਹਿੰਮ ਚਲਾਈ ਏ। ਇਹ ਤਲਾਸ਼ੀਆਂ ਮਨੀ ਲਾਂਡਰਿੰਗ ਰੋਕਥਾਮ ਐਕਟ ਦੀ ਧਾਰਾ 17 ਦੇ ਤਹਿਤ ਕੀਤੀਆਂ ਜਾ ਰਹੀਆਂ ਨੇ। ਡਾਇਰੈਕਟੋਰੇਟ ਨੇ ਕਿਹਾ ਏ ਕਿ ਇਹ ਕਾਰਵਾਈ ਕੇਂਦਰੀ ਜਾਂਚ ਬਿਊਰੋ ਅਤੇ ਭ੍ਰਿਸ਼ਟਾਚਾਰ ਵਿਰੋਧੀ ਬਿਊਰੋ, ਚੰਡੀਗੜ੍ਹ ਵੱਲੋਂ ਦਰਜ ਕੀਤੇ ਗਏ ਮੂਲ ਅਪਰਾਧਾਂ ਦੇ ਆਧਾਰ 'ਤੇ ਕੀਤੀ ਜਾ ਰਹੀ ਏ, ਜੋ ਇੱਕ ਅਪਰਾਧਿਕ ਮਾਮਲੇ ਦੇ ਨਿਪਟਾਰੇ ਲਈ ਵਿਚੋਲੀਆਂ ਰਾਹੀਂ ਗੈਰ-ਕਾਨੂੰਨੀ ਰਿਸ਼ਵਤ ਮੰਗਣ ਦੇ ਦੋਸ਼ਾਂ ਨਾਲ ਸਬੰਧਤ ਨੇ। ਇਨਫੋਰਸਮੈਂਟ ਵਿਭਾਗ ਨੇ ਕਿਹਾ ਕਿ ਤਲਾਸ਼ੀਆਂ ਦਾ ਉਦੇਸ਼ ਅਪਰਾਧ ਦੀ ਕਮਾਈ ਦਾ ਪਤਾ

ਲਾਉਣਾ, ਅਣਦੱਸੀਆਂ ਜਾਇਦਾਦਾਂ ਦੀ ਪਛਾਣ ਕਰਨਾ ਅਤੇ ਮਨੀ ਲਾਂਡਰਿੰਗ ਨਾਲ ਸਬੰਧਤ ਸਬੂਤ ਇਕੱਠੇ ਕਰਨਾ ਏ।

---------------------------------------------------------------------------

ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਪਾਰਟੀ ਦਫ਼ਤਰ ਕੋਟਕਪੂਰਾ ਵਿਖੇ ਮਾਵਾਂ-ਧੀਆਂ ਦੇ ਸਨਮਾਨ ਅਤੇ ਭਲਾਈ ਨਾਲ ਸਬੰਧਤ ਯੋਜਨਾਵਾਂ ਨੂੰ ਲੈ ਕੇ ਸਖੀਆਂ ਅਤੇ ਆਂਗਣਵਾੜੀ ਵਰਕਰਾਂ ਨਾਲ ਇਕ ਵਿਸ਼ੇਸ਼ ਮੀਟਿੰਗ ਕੀਤੀ। ਮੀਟਿੰਗ ਦੌਰਾਨ ਸੰਧਵਾਂ ਨੇ ਕਿਹਾ ਕਿ ਸੂਬਾ ਸਰਕਾਰ ਮਾਵਾਂ ਅਤੇ ਧੀਆਂ ਦੇ ਸਨਮਾਨ, ਸੁਰੱਖਿਆ ਅਤੇ ਸਮਾਜਿਕ ਸਸ਼ਕਤੀਕਰਨ ਲਈ ਵਚਨਬੱਧ ਏ ਅਤੇ ਇਸ ਸਬੰਧੀ ਚਲ ਰਹੀਆਂ ਯੋਜਨਾਵਾਂ ਦਾ ਲਾਭ ਹਰ ਯੋਗ ਪਰਿਵਾਰ ਤੱਕ ਪਹੁੰਚਾਉਣਾ ਸਰਕਾਰ ਦੀ ਪਹਿਲ ਏ। ਉਨ੍ਹਾਂ ਕਿਹਾ ਕਿ ਆਂਗਣਵਾੜੀ ਵਰਕਰ ਅਤੇ ਸਖੀਆਂ ਜ਼ਮੀਨੀ ਪੱਧਰ ‘ਤੇ ਸਰਕਾਰ ਅਤੇ ਲੋਕਾਂ ਵਿਚਕਾਰ ਇੱਕ ਅਹਿਮ ਕੜੀ ਨੇ, ਜਿਨ੍ਹਾਂ ਦੀ ਭੂਮਿਕਾ ਸਮਾਜਿਕ ਭਲਾਈ ਯੋਜਨਾਵਾਂ ਨੂੰ ਸਫਲ ਬਣਾਉਣ ਵਿੱਚ ਬਹੁਤ ਮਹੱਤਵਪੂਰਨ ਏ। ਉਨ੍ਹਾਂ ਹਾਜ਼ਰ ਵਰਕਰਾਂ ਨੂੰ ਅਪੀਲ ਕੀਤੀ ਕਿ ਉਹ ਮਾਵਾਂ-ਧੀਆਂ ਦੇ ਸਨਮਾਨ ਨਾਲ ਜੁੜੀਆਂ ਯੋਜਨਾਵਾਂ ਦੀ ਜਾਣਕਾਰੀ ਹਰ ਘਰ ਤੱਕ ਪਹੁੰਚਾਉਣ ਅਤੇ ਵੱਧ ਤੋਂ ਵੱਧ ਲਾਭਪਾਤਰੀਆਂ ਦੀ ਰਜਿਸਟ੍ਰੇਸ਼ਨ ਯਕੀਨੀ ਬਣਾਉਣ। ਇਸ ਮੌਕੇ ਸਖੀਆਂ ਅਤੇ ਆਂਗਣਵਾੜੀ

ਵਰਕਰਾਂ ਨੇ ਵੀ ਆਪਣੇ ਸੁਝਾਅ ਅਤੇ ਮੰਗਾਂ ਸਪੀਕਰ ਸੰਧਵਾਂ ਅੱਗੇ ਰੱਖੀਆਂ, ਜਿਨ੍ਹਾਂ ਨੂੰ ਧਿਆਨ ਨਾਲ ਸੁਣਦਿਆਂ ਉਨ੍ਹਾਂ ਭਰੋਸਾ ਦਿਵਾਇਆ ਕਿ ਉਨ੍ਹਾਂ ਦੇ ਹੱਕਾਂ ਅਤੇ ਸਹੂਲਤਾਂ ਸਬੰਧੀ ਹਰ ਸੰਭਵ ਯਤਨ ਕੀਤੇ ਜਾਣਗੇ।

----------------------------------------------------------------

ਜਲੰਧਰ ਦੇ ਡਿਪਟੀ ਕਮਿਸ਼ਨਰ ਵਰਜੀਤ ਵਾਲੀਆ ਨੇ ਦੱਸਿਆ ਏ ਕਿ ਜ਼ਿਲ੍ਹੇ ਦੀਆਂ ਮੰਡੀਆਂ ਵਿੱਚ ਕਣਕ ਦੀ ਖ਼ਰੀਦ ਨਿਰਵਿਘਨ ਢੰਗ ਨਾਲ ਜਾਰੀ ਏ। ਉਨ੍ਹਾਂ ਦੱਸਿਆ ਕਿ ਐਤਵਾਰ ਸ਼ਾਮ ਤੱਕ 3 ਲੱਖ 86 ਹਜ਼ਾਰ 256 ਮੀਟ੍ਰਿਕ ਟਨ ਕਣਕ ਦੀ ਆਮਦ ਹੋਈ ਏ, ਜਿਸ ਵਿੱਚੋਂ ਵੱਖ-ਵੱਖ ਖ਼ਰੀਦ ਏਜੰਸੀਆਂ ਵੱਲੋਂ 3 ਲੱਖ 85 ਹਜ਼ਾਰ 627 ਮੀਟ੍ਰਿਕ ਟਨ ਕਣਕ ਦੀ ਖ਼ਰੀਦ ਕੀਤੀ ਜਾ ਚੁੱਕੀ ਏ। ਖ਼ਰੀਦ ਕੀਤੀ ਫ਼ਸਲ ਦੀ ਕਿਸਾਨਾਂ ਨੂੰ ਨਿਰਧਾਰਤ ਸਮੇਂ ਦੇ ਅੰਦਰ 936 ਕਰੋੜ ਰੁਪਏ ਦੀ ਅਦਾਇਗੀ ਕੀਤੀ ਜਾ ਚੁੱਕੀ ਏ। ਡਿਪਟੀ ਕਮਿਸ਼ਨਰ ਨੇ ਅਧਿਕਾਰੀਆਂ ਨੂੰ ਲਿਫ਼ਟਿੰਗ ਵਿੱਚ ਹੋਰ ਤੇਜ਼ੀ ਲਿਆਉਣ ਦੇ ਨਿਰਦੇਸ਼ ਦਿੰਦਿਆਂ ਕਿਹਾ ਕਿ ਖ਼ਰੀਦ ਉਪਰੰਤ ਮੰਡੀਆਂ ’ਚੋਂ ਨਿਰਧਾਰਿਤ ਸਮੇਂ ਦੇ ਅੰਦਰ ਫ਼ਸਲ ਦੀ ਚੁਕਾਈ ਯਕੀਨੀ ਬਣਾਈ ਜਾਵੇ।

ਉਧਰ, ਨਿਰਵਿਘਨ ਖ਼ਰੀਦ ਕਾਰਜਾਂ ਨੂੰ ਯਕੀਨੀ ਬਣਾਉਣ ਲਈ ਡਿਪਟੀ ਕਮਿਸ਼ਨਰ ਦੀਆਂ ਹਦਾਇਤਾਂ ’ਤੇ ਜ਼ਿਲ੍ਹਾ ਖੁਰਾਕ ਤੇ ਸਿਵਲ ਸਪਲਾਈਜ਼ ਵਿਭਾਗ ਦੇ ਅਧਿਕਾਰੀਆਂ ਵੱਲੋਂ ਮੰਡੀਆਂ ਦੇ ਲਗਾਤਾਰ ਦੌਰੇ ਕੀਤੇ ਜਾ ਰਹੇ ਨੇ। ਇਸ ਦੇ ਨਾਲ ਹੀ ਬਾਹਰਲੇ ਸੂਬਿਆਂ ਤੋਂ ਕਣਕ ਦੀ ਅਣ ਅਧਿਕਾਰਤ ਸਪਲਾਈ ਨੂੰ ਰੋਕਣ ਲਈ ਚੌਕਸੀ ਵਜੋਂ ਨਾਕੇ ਵੀ ਲਾਏ ਜਾ ਰਹੇ ਨੇ।

-------------------------------------------------------------------

ਪੁਸ਼ਪਾ ਗੁਜਰਾਲ ਸਾਇੰਸ ਸਿਟੀ ਵੱਲੋਂ ਵਿਸ਼ਵ ਬੌਧਿਕ ਸੰਪਦਾ ਦਿਵਸ ਦੇ ਮੌਕੇ ‘ਤੇ “ਬੌਧਿਕ ਸੰਪਦਾ ‘ਤੇ ਖੇਡਾਂ ਇਕ ਨਵੀਂ ਸੋਚ” ਵਿਸ਼ੇ ‘ਤੇ ਇਕ ਸੈਮੀਨਾਰ ਦਾ ਆਯੋਜਨ ਕੀਤਾ ਗਿਆ। ਇਸ ਮੌਕੇ ਪੰਜਾਬ ਦੀਆਂ ਵੱਖ-ਵੱਖ ਵਿਦਿਅਕ ਸੰਸਥਾਵਾਂ ਦੇ 200 ਤੋਂ ਵੱਧ ਵਿਦਿਆਰਥੀਆਂ ਤੇ ਅਧਿਆਪਕਾਂ ਨੇ ਸ਼ਿਰਕਤ ਕੀਤੀ। ਸਾਇੰਸ ਸਿਟੀ ਦੇ ਡਾਇਰੈਕਟਰ ਡਾ. ਰਾਜੇਸ਼ ਗਰੋਵਰ ਨੇ ਬੌਧਿਕ ਸੰਪਦਾ ਦੇ ਅਧਿਕਾਰ ਦੇ ਮੁੱਢਲੇ ਉਦੇਸ਼ ‘ਤੇ ਜ਼ੋਰ ਦਿੰਦਿਆ ਕਿਹਾ ਕਿ ਇਹ ਅਧਿਕਾਰ ਨੌਜਵਾਨਾਂ ਵਿੱਚ ਨਵੀਨਤਾ ਅਤੇ ਰਚਨਾਤਮਿਕਤਾ ਨੂੰ ਉਤਸ਼ਾਹਿਤ ਕਰਦਾ ਏ। ਉਨ੍ਹਾਂ ਕਿਹਾ ਕਿ ਖੇਡਾਂ ਦੀਆਂ ਨਵੀਆਂ ਤਕਨੀਕਾਂ ਤੋਂ ਲੈ ਕੇ ਆਧੁਨਿਕ ਉਪਕਰਣਾਂ, ਨਵੇਂ ਡਿਜ਼ਾਈਨਾਂ ਅਤੇ ਬ੍ਰੈਂਡਾਂ ਤੱਕ ਖੇਡ ਸੱਭਿਆਚਾਰ ਨੂੰ ਆਧੁਨਿਕ ਦਿੱਖ ਦੇਣ

ਵਿਚ ਬੌਧਿਕ ਸੰਪਦਾ ਅਧਿਕਾਰ ਅਹਿਮ ਭੂਮਿਕਾ ਨਿਭਾਉਂਦਾ ਏ, ਜੋ ਆਲਮੀ ਪੱਧਰ 'ਤੇ ਲੋਕਾਂ ਨੂੰ ਆਪਸ ਵਿੱਚ ਜੋੜਦੀ ਅਤੇ ਪ੍ਰੇਰਿਤ ਕਰਦੀ ਏ। ਮੁੱਖ ਬੁਲਾਰੇ ਵਜੋਂ ਪੁੱਜੇ ਗੁਰੂ ਨਾਨਕ ਦੇਵ ਯੂਨੀਵਰਿਸਟੀ ਅੰਮ੍ਰਿਤਸਰ ਦੇ ਕਾਨੂੰਨ ਵਿਭਾਗ ਦੇ ਸਹਾਇਕ ਪ੍ਰੋਫ਼ੈਸਰ ਡਾ. ਹਰਿਕਰਨਦੀਪ ਕੌਰ ਨੇ ਬੌਧਿਕ ਸੰਪਦਾ ਅਧਿਕਾਰ ਦੀਆਂ ਵੱਖ-ਵੱਖ ਕਿਸਮਾਂ ਜਿਵੇਂ ਕਿ ਟਰੇਡ ਮਾਰਕ, ਕਾਪੀ ਰਾਈਟ ਅਤੇ ਵਿਅਕਤੀਗਤ ਅਧਿਕਾਰਾਂ ਸਬੰਧੀ ਜਾਣਕਾਰੀ ਦਿੱਤੀ। ਉਨ੍ਹਾਂ ਦੱਸਿਆ ਕਿ ਪੇਂਟੈਂਟ ਦੀ ਪ੍ਰਕਿਰਿਆ ਇਕ ਨਵੀਂ ਖੋਜ ਅਤੇ ਉਸ ਦੇ ਲਾਭਾਂ ਦੀ ਪਛਾਣ ਨਾਲ ਸ਼ੁਰੂ ਹੁੰਦੀ ਏ ਤੇ ਇਸ ਤੋਂ ਬਾਅਦ ਅਸਲੀਅਤ ਨੂੰ ਯਕੀਨੀ ਬਣਾਉਣ ਲਈ ਮੌਜੂਦ ਤੱਥਾਂ ਦੀ ਅੱਗੋਂ ਦੀ ਖੋਜ ਕੀਤੀ ਜਾਂਦੀ ਏ।

---------------------------------------------------------------------

ਅੰਮ੍ਰਿਤਸਰ ਵਿਚ ਮਹਿਤਾ ਰੋਡ ਤੇ ਇੱਕ ਤੇਜ਼ ਰਫ਼ਤਾਰ ਕਾਰ ਦੀ ਟੱਕਰ ਨਾਲ ਐਕਟਿਵਾ ਸਵਾਰ ਪਤਨੀ-ਪਤਨੀ ਤੇ ਉਨ੍ਹਾਂ ਦੀ ਧੀ ਦੀ ਮੌਤ ਹੋ ਗਈ ਏ। ਰਿਪੋਰਟਾਂ ਅਨੁਸਾਰ ਬਾਲਦਵਾਲ ਪਿੰਡ ਦਾ ਵਸਨੀਕ ਰੇਸ਼ਮ ਸਿੰਘ ਆਪਣੀ ਪਤਨੀ ਸੀਮਾ ਅਤੇ ਧੀ ਕਵਲਦੀਪ ਕੌਰ ਨਾਲ ਐਕਟਿਵਾ 'ਤੇ ਭੱਟੀ ਪਿੰਡ ਵਿੱਚ ਰਿਸ਼ਤੇਦਾਰਾਂ ਨੂੰ ਮਿਲਣ ਜਾ ਰਿਹਾ ਸੀ। ਜਿਵੇਂ ਹੀ ਉਹ ਮਹਿਤਾ ਰੋਡ 'ਤੇ ਪੁੱਜੇ ਇੱਕ ਤੇਜ਼ ਰਫ਼ਤਾਰ ਕਾਰ ਨੇ ਉਨ੍ਹਾਂ

ਨੂੰ ਟੱਕਰ ਮਾਰ ਦਿੱਤੀ। ਹਾਦਸੇ ਦੌਰਾਨ ਰੇਸ਼ਮ ਸਿੰਘ ਦੀ ਮੌਕੇ 'ਤੇ ਹੀ ਮੌਤ ਹੋ ਗਈ, ਜਦੋਂ ਕਿ ਉਸ ਦੀ ਪਤਨੀ ਅਤੇ ਧੀ ਨੂੰ ਗੰਭੀਰ ਜ਼ਖਮੀ ਹਾਲਤ ਵਿਚ ਹਸਪਤਾਲ ਲਿਜਾਇਆ ਗਿਆ ਜਿਥੇ ਇਲਾਜ ਦੌਰਾਨ ਉਨ੍ਹਾਂ ਦੀ ਵੀ ਮੌਤ ਹੋ ਗਈ। ਪੁਲਿਸ ਨੇ ਮਾਮਲਾ ਦਰਜ ਕਰਕੇ ਹਾਦਸੇ ਦੇ ਕਾਰਨਾਂ ਦੀ ਜਾਂਚ ਸ਼ੁਰੂ ਕਰ ਦਿੱਤੀ ਏ।

---------------------------------------------------------------------

ਸੁਰੱਖਿਆ ਏਜੰਸੀਆਂ ਵੱਲੋਂ ਐਤਵਾਰ ਦੇਰ ਰਾਤ ਅੰਮ੍ਰਿਤਸਰ ਨਾਲ ਲੱਗਦੀ ਭਾਰਤ-ਪਾਕਿ ਕੌਮਾਂਤਰੀ ਸਰਹੱਦ ਨੇੜੇ ਬੀ.ਓ.ਪੀ ਕਲਾਮ ਡੋਗਰ ਇਲਾਕੇ ਵਿੱਚ ਡਰੋਨ ਰਾਹੀਂ ਹੈਰੋਇਨ ਦੀ ਖੇਪ ਭੇਜਣ ਦੀ ਇਕ ਕੋਸ਼ਿਸ਼ ਨੂੰ ਨਾਕਾਮ ਕਰ ਦਿੱਤਾ ਗਿਆ। ਜਾਣਕਾਰੀ ਮੁਤਾਬਕ, ਰਾਤ ਸਮੇਂ ਸਰਹੱਦ ‘ਤੇ ਤਾਇਨਾਤ ਜਵਾਨ ਡਰੋਨ ਦੀ ਆਵਾਜ਼ ਸੁਣ ਕੇ ਚੌਕਸ ਹੋ ਗਏ ਅਤੇ ਪੂਰੇ ਇਲਾਕੇ ਨੂੰ ਘੇਰ ਲਿਆ। ਜਵਾਨਾਂ ਵੱਲੋਂ ਡਰੋਨ ਦੀ ਦਿਸ਼ਾ ਵੱਲ ਫਾਇਰਿੰਗ ਵੀ ਕੀਤੀ ਗਈ । ਬਾਅਦ ਵਿੱਚ ਬੀਐਸਐਫ ਅਤੇ ਹੋਰ ਸੁਰੱਖਿਆ ਏਜੰਸੀਆਂ ਵੱਲੋਂ ਸਾਂਝਾ ਸਰਚ ਆਪਰੇਸ਼ਨ ਚਲਾਇਆ ਗਿਆ। ਤਲਾਸ਼ੀ ਦੌਰਾਨ ਖੇਤਾਂ ਵਿਚੋਂ ਇੱਕ ਡਰੋਨ ਬਰਾਮਦ ਕੀਤਾ ਗਿਆ ਜਿਸ ਨਾਲ ਤਕਰੀਬਨ 535 ਗ੍ਰਾਮ ਹੈਰੋਇਨ ਵਾਲਾ ਇੱਕ ਪੈਕੇਟ ਵੀ ਮਿਲਿਆ ਏ।

ਸੁਰੱਖਿਆ ਏਜੰਸੀਆਂ ਅਨੁਸਾਰ ਇਹ ਡਰੋਨ ਪਾਕਿਸਤਾਨ ਵੱਲੋਂ ਭੇਜਿਆ ਗਿਆ ਸੀ ਅਤੇ ਇਸ ਦਾ ਮਕਸਦ ਭਾਰਤ ਵਿੱਚ ਨਸ਼ੇ ਦੀ ਖੇਪ ਪਹੁੰਚਾਉਣਾ ਸੀ। ਅਧਿਕਾਰੀਆਂ ਨੇ ਦੱਸਿਆ ਕਿ ਮਾਮਲੇ ਦੀ ਡੂੰਘਾਈ ਨਾਲ ਜਾਂਚ ਕੀਤੀ ਜਾ ਰਹੀ ਏ।